**15ਵੀਂ ਵਿਧਾਨ ਸਭਾ**
ਤੀਜਾ ਸਮਾਗਮ

## ਪੰਜਾਬ ਵਿਧਾਨ ਸਭਾ

ਬੁਲੇਟਿਨ ਨੰ: 3
ਬੁੱਧਵਾਰ, 29 ਨਵੰਬਰ, 2017
(10.00 ਵਜੇ ਸਵੇਰ ਤੋਂ 03.09 ਵਜੇ ਬਾਅਦ ਦੁਪਹਿਰ ਤੱਕ)

1. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 10 | 02 | 01 | 07 | 28 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 03

2. **ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ**

ਮਾਨਯੋਗ ਸਪੀਕਰ ਵੱਲੋਂ ਸਰਦਾਰ ਰਵਨੀਤ ਸਿੰਘ ਬਿੱਟੂ, ਐਮ.ਪੀ., ਲੋਕ ਸਭਾ, ਦੇ ਸਦਨ ਵਿੱਚ ਹਾਜਰ ਹੋਣ ਬਾਰੇ ਸਦਨ ਨੂੰ ਜਾਣੂ ਕਰਾਇਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. ਧਿਆਨ ਦਿਵਾਊ ਨੋਟਿਸ

ਧਿਆਨ ਦਿਵਾਊ ਨੋਟਿਸ ਨੰ: 14 ਪੇਸ਼ ਨਹੀਂ ਕੀਤਾ ਗਿਆ।

4. **ਮੇਜ਼ ਤੇ ਮੁੜ ਰੱਖੇ ਜਾਣ ਵਾਲੇ / ਰੱਖੇ ਗਏ ਕਾਗਜ਼-ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: **III** ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 23 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

5. ਵਾਕ ਆਊਟ

ਲਾਅ ਐਂਡ ਆਰਡਰ ਦੀ ਵਿਗੜਦੀ ਸਥਿਤੀ ਨਾਲ ਸਬੰਧਤ ਮੁੱਦੇ ਤੇ ਬੋਲਣ ਦਾ ਸਮਾਂ ਨਾ ਮਿਲਣ ਕਾਰਨ ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਹਾਜ਼ਰ ਮੈਂਬਰਜ਼ ਸਦਨ ਵਿਚੋਂ ਵਾਕ-ਆਊਟ ਕਰ ਗਏ।

6. **ਨਿਯਮ 16 ਅਧੀਨ ਪ੍ਰਸਤਾਵ**

ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:

"ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ।"

7. ਵਿਧਾਨਕ ਕੰਮ-ਕਾਰ

1. **ਪੰਜਾਬ ਸਹਿਕਾਰੀ ਸਭਾਵਾਂ (ਦੂਜੀ ਸੋਧਨਾ) ਬਿਲ, 2017**

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਨੇ ਪੰਜਾਬ ਸਹਿਕਾਰੀ ਸਭਾਵਾਂ (ਦੂਜੀ ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾ 2 ਤੋਂ 6 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਜਾਰੀ......2

ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਸਹਿਕਾਰੀ ਸਭਾਵਾਂ (ਦੂਜੀ ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਪਰਮਿੰਦਰ ਸਿੰਘ ਢੀਂਡਸਾ, ਸ਼੍ਰੋਮਣੀ ਅਕਾਲੀ ਦਲ | 05 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 02 ਮਿੰਟ |
| 3. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |
| 4. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 5. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 6. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 02 ਮਿੰਟ |
| 7. | ਸਰਦਾਰ ਬਿਕਰਮ ਸਿੰਘ ਮਜੀਠੀਆ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |

ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 02 ਮਿੰਟ ਲਈ ਬੋਲੇ।

2. <u>ਪੰਜਾਬ ਆਬਕਾਰੀ (ਦੂਜੀ ਸੋਧਨਾ) ਬਿਲ, 2017</u>

ਵਿੱਤ ਤੇ ਯੋਜਨਾ ਮੰਤਰੀ ਨੇ ਪੰਜਾਬ ਆਬਕਾਰੀ (ਦੂਜੀ ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 5 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਆਬਕਾਰੀ (ਦੂਜੀ ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਕੁਲਤਾਰ ਸਿੰਘ ਸੰਧਵਾਂ, ਆਮ ਆਦਮੀ ਪਾਰਟੀ | 01 ਮਿੰਟ |
| 2. | ਸ਼੍ਰੀ ਐਨ.ਕੇ. ਸ਼ਰਮਾ, ਸ਼੍ਰੋਮਣੀ ਅਕਾਲੀ ਦਲ | 02 ਮਿੰਟ |
| 3. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 02 ਮਿੰਟ |
| 4. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 03 ਮਿੰਟ |
| 5. | ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 6. | ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 7. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 03 ਮਿੰਟ |
| 8. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 03 ਮਿੰਟ |
| 9. | ਸਰਦਾਰ ਸ਼ਰਨਜੀਤ ਸਿੰਘ ਢਿਲੋਂ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 10. | ਸਰਦਾਰ ਅਮਰਜੀਤ ਸਿੰਘ ਸੰਦੋਆ, ਆਮ ਆਦਮੀ ਪਾਰਟੀ | 1/2 ਮਿੰਟ |
| 11. | ਸਰਦਾਰ ਜਗਦੇਵ ਸਿੰਘ, ਆਮ ਆਦਮੀ ਪਾਰਟੀ | 1/2 ਮਿੰਟ |
| 12. | ਸਰਦਾਰ ਫਤਿਹਜੰਗ ਸਿੰਘ ਬਾਜਵਾ, ਇੰਡੀਅਨ ਨੈਸ਼ਨਲ ਕਾਂਗਰਸ | 1/2 ਮਿੰਟ |
| 13. | ਸਰਦਾਰ ਕੁਸ਼ਲਦੀਪ ਸਿੰਘ ਢਿਲੋਂ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 14. | ਸਰਦਾਰ ਸੁਖਪਾਲ ਸਿੰਘ ਭੁੱਲਰ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 15. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 1/2 ਮਿੰਟ |
| 16. | ਸ਼੍ਰੀ ਅਮਿਤ ਵਿਜ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 09 ਮਿੰਟ ਲਈ ਬੋਲੇ।

ਜਾਰੀ.....3

3. **ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2017**

ਸਿੱਖਿਆ ਮੰਤਰੀ ਨੇ ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 13 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਸਕੂਲ ਸਿੱਖਿਆ ਬੋਰਡ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀਮਤੀ ਸਰਬਜੀਤ ਕੌਰ ਮਾਣੂਕੇ, ਆਮ ਆਦਮੀ ਪਾਰਟੀ | 04 ਮਿੰਟ |
| 2. | ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ | 02 ਮਿੰਟ |
| 3. | ਸਰਦਾਰ ਬਲਬੀਰ ਸਿੰਘ ਸਿੱਧੂ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 4. | ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 04 ਮਿੰਟ |
| 5. | ਸ਼੍ਰੀ ਪਵਨ ਕੁਮਾਰ ਟੀਨੂ, ਸ਼੍ਰੋਮਣੀ ਅਕਾਲੀ ਦਲ | 03 ਮਿੰਟ |
| 6. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 03 ਮਿੰਟ |

ਸ਼੍ਰੀਮਤੀ ਅਰੁਣਾ ਚੌਧਰੀ, ਸਿੱਖਿਆ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 09 ਮਿੰਟ ਲਈ ਬੋਲੇ।

4. **ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਤੀਜੀ ਸੋਧਨਾ) ਬਿਲ, 2017**

ਵਿੱਤ ਤੇ ਯੋਜਨਾ ਮੰਤਰੀ ਨੇ ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਤੀਜੀ ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 5 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਜ਼ਰਾਇਤੀ ਪੈਦਾਵਾਰ ਦੀਆਂ ਮੰਡੀਆਂ (ਤੀਜੀ ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਐਨ.ਕੇ. ਸ਼ਰਮਾ, ਸ਼੍ਰੋਮਣੀ ਅਕਾਲੀ ਦਲ | 01 ਮਿੰਟ |
| 2. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 03 ਮਿੰਟ ਲਈ ਬੋਲੇ।

5. **ਪੰਜਾਬ ਪੇਂਡੂ ਵਿਕਾਸ (ਸੋਧਨਾ) ਬਿਲ, 2017**

ਵਿੱਤ ਤੇ ਯੋਜਨਾ ਮੰਤਰੀ ਨੇ ਪੰਜਾਬ ਪੇਂਡੂ ਵਿਕਾਸ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਜਾਰੀ.....4

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 4 ਤੱਕ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਵਿੱਤ ਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਪੇਂਡੂ ਵਿਕਾਸ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਪ੍ਰੋ. ਬਲਜਿੰਦਰ ਕੌਰ, ਆਮ ਆਦਮੀ ਪਾਰਟੀ | 02 ਮਿੰਟ |
| 2. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |
| 3. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 03 ਮਿੰਟ |
| 4. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 01 ਮਿੰਟ |

ਸਰਦਾਰ ਮਨਪ੍ਰੀਤ ਸਿੰਘ ਬਾਦਲ, ਵਿੱਤ ਤੇ ਯੋਜਨਾ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 03 ਮਿੰਟ ਲਈ ਬੋਲੇ।

8. ਵਾਕ ਆਊਟ

ਆਮ ਆਦਮੀ ਪਾਰਟੀ ਅਤੇ ਲੋਕ ਇਨਸਾਫ ਪਾਰਟੀ ਦੇ ਹਾਜ਼ਰ ਮੈਂਬਰ ਦੂਜੇ ਰਾਜਾਂ ਤੋਂ ਪਾਣੀਆਂ ਦੀ ਰਾਇਲਟੀ ਨਾ ਲੈਣ ਦੇ ਮੁੱਦੇ ਤੇ ਨਾਅਰੇ ਲਗਾਉਂਦੇ ਹੋਏ ਸਦਨ ਵਿਚੋਂ ਵਾਕ-ਆਊਟ ਕਰ ਗਏ।

9. ਵਿਧਾਨਕ ਕੰਮ-ਕਾਰ (ਮੁੜ ਆਰੰਭ)

6. ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਦੂਜੀ ਸੋਧਨਾ) ਬਿਲ, 2017

ਤਕਨੀਕੀ ਸਿੱਖਿਆ ਮੰਤਰੀ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਦੂਜੀ ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਤਕਨੀਕੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਮਹਾਰਾਜਾ ਰਣਜੀਤ ਸਿੰਘ ਪੰਜਾਬ ਤਕਨੀਕੀ ਯੂਨੀਵਰਸਿਟੀ (ਦੂਜੀ ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ ਬਿਲ ਤੇ ਬਹਿਸ ਦੌਰਾਨ ਇਕ ਮਿੰਟ ਲਈ ਬੋਲੇ।

7. ਪੰਜਾਬ ਗੈਰ ਕਾਨੂੰਨੀ ਤੌਰ ਤੇ ਕਬਜ਼ਾ ਕੀਤੀ ਗਈ ਜਾਇਦਾਦ ਦਾ ਜ਼ਬਤੀ ਬਿਲ, 2017

ਮਾਨਯੋਗ ਮੁੱਖ ਮੰਤਰੀ ਨੇ ਪੰਜਾਬ ਗੈਰ ਕਾਨੂੰਨੀ ਤੌਰ ਤੇ ਕਬਜ਼ਾ ਕੀਤੀ ਗਈ ਜਾਇਦਾਦ ਦਾ ਜ਼ਬਤੀ ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ਾਂ (2) ਅਤੇ (3), ਕਲਾਜ਼ਾਂ 2 ਤੋਂ 29 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮਾਨਯੋਗ ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਗੈਰ ਕਾਨੂੰਨੀ ਤੌਰ ਤੇ ਕਬਜ਼ਾ ਕੀਤੀ ਗਈ ਜਾਇਦਾਦ ਦਾ ਜ਼ਬਤੀ ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ ਬਿਲ ਤੇ ਬਹਿਸ ਦੌਰਾਨ ਇਕ ਮਿੰਟ ਲਈ ਬੋਲੇ।

ਜਾਰੀ.....5

8. ਪੰਜਾਬ ਭੌਂ ਸੁਧਾਰ (ਸੋਧਨਾ) ਬਿਲ, 2017

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਭੌਂ ਸੁਧਾਰ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਭੌਂ ਸੁਧਾਰ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

9. ਅੰਮ੍ਰਿਤਸਰ ਵਾਲਡ ਸਿਟੀ (ਵਰਤੋਂ ਦੀ ਮਾਨਤਾ) (ਸੋਧਨਾ) ਬਿਲ, 2017

ਸਥਾਨਕ ਸਰਕਾਰ ਮੰਤਰੀ ਨੇ ਅੰਮ੍ਰਿਤਸਰ ਵਾਲਡ ਸਿਟੀ (ਵਰਤੋਂ ਦੀ ਮਾਨਤਾ) (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 4 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸਥਾਨਕ ਸਰਕਾਰ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਅੰਮ੍ਰਿਤਸਰ ਵਾਲਡ ਸਿਟੀ (ਵਰਤੋਂ ਦੀ ਮਾਨਤਾ) (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਸ਼੍ਰੀ ਸੋਮ ਪ੍ਰਕਾਸ਼, ਭਾਰਤੀ ਜਨਤਾ ਪਾਰਟੀ ਬਿਲ ਤੇ ਬਹਿਸ ਦੌਰਾਨ ਇਕ ਮਿੰਟ ਲਈ ਬੋਲੇ।

10. ਪੰਜਾਬ ਭੌਂ ਸੁਧਾਰ ਸਕੀਮਾਂ (ਸੋਧਨਾ) ਬਿਲ, 2017

ਸੰਸਦੀ ਮਾਮਲੇ ਮੰਤਰੀ ਨੇ ਪੰਜਾਬ ਭੌਂ ਸੁਧਾਰ ਸਕੀਮਾਂ (ਸੋਧਨਾ) ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2 ਵਿੱਚ ਕੋਈ ਸੋਧ ਨਾ ਹੋਣ ਕਾਰਨ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਸੰਸਦੀ ਮਾਮਲੇ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਭੌਂ ਸੁਧਾਰ ਸਕੀਮਾਂ (ਸੋਧਨਾ) ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

11. ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮਨ) ਦੂਜੀ ਸੋਧਨਾ ਬਿਲ, 2017

ਵਿੱਤ ਅਤੇ ਯੋਜਨਾ ਮੰਤਰੀ ਨੇ ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮਨ) ਦੂਜੀ ਸੋਧਨਾ ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਅਤੇ 3 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਜਾਰੀ....6

ਵਿੱਤ ਅਤੇ ਯੋਜਨਾ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਬੁਨਿਆਦੀ ਢਾਂਚਾ (ਵਿਕਾਸ ਅਤੇ ਵਿਨਿਯਮਨ) ਦੂਜੀ ਸੋਧਨਾ ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

12. ਪੰਜਾਬ ਰਾਜ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਕਮਿਸ਼ਨ ਬਿਲ, 2017

ਮਾਨਯੋਗ ਮੁੱਖ ਮੰਤਰੀ ਨੇ ਪੰਜਾਬ ਰਾਜ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਕਮਿਸ਼ਨ ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 28 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮਾਨਯੋਗ ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਪੰਜਾਬ ਰਾਜ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਕਮਿਸ਼ਨ ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 01 ਮਿੰਟ |
| 2. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 03 ਮਿੰਟ |
| 3. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 02 ਮਿੰਟ |
| 4. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |

13. ਖੇਤੀਬਾੜੀ ਸਿੱਖਿਆ ਲਈ ਪੰਜਾਬ ਰਾਜ ਕੌਂਸਲ ਬਿਲ, 2017

ਮਾਨਯੋਗ ਮੁੱਖ ਮੰਤਰੀ ਨੇ ਖੇਤੀਬਾੜੀ ਸਿੱਖਿਆ ਲਈ ਪੰਜਾਬ ਰਾਜ ਕੌਂਸਲ ਬਿਲ, 2017 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ਾਂ (2) ਅਤੇ (3), ਕਲਾਜ਼ਾਂ 2 ਤੋਂ 23 ਵਿੱਚ ਕੋਈ ਸੋਧ ਨਾ ਹੋਣ ਕਾਰਨ ਇਕੱਠੀਆਂ, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮਾਨਯੋਗ ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ " ਖੇਤੀਬਾੜੀ ਸਿੱਖਿਆ ਲਈ ਪੰਜਾਬ ਰਾਜ ਕੌਂਸਲ ਬਿਲ, 2017 ਪਾਸ ਕੀਤਾ ਜਾਵੇ" ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਿਲ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | |
|---|---|
| 1. ਸਰਦਾਰ ਕੁਲਜੀਤ ਸਿੰਘ ਨਾਗਰਾ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 2. ਸਰਦਾਰ ਕੁਲਤਾਰ ਸਿੰਘ ਸੰਧਵਾ, ਆਮ ਆਦਮੀ ਪਾਰਟੀ | 01 ਮਿੰਟ |
| 3. ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ ਪਾਰਟੀ | 01 ਮਿੰਟ |

10. ਨਿਖੇਧੀ ਪ੍ਰਸਤਾਵ

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਨੇ ਹੇਠ ਲਿਖਿਆ ਪ੍ਰਸਤਾਵ ਸਦਨ ਵਿਚ ਪੇਸ਼ ਕੀਤਾ ਜੋ ਕਿ ਪ੍ਰਵਾਨ ਹੋਇਆ:

> "ਇਹ ਸਦਨ ਆਪ ਲੀਡਰ ਸੁਖਪਾਲ ਸਿੰਘ ਖਹਿਰਾ ਦੁਆਰਾ ਦਾਇਰ ਕੀਤੀ ਗਈ ਇਕ ਰਵੀਜ਼ਨ ਪਟੀਸ਼ਨ ਦੇ ਸਬੰਧ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਇਕ ਮਾਨਯੋਗ ਜੱਜ ਨੂੰ 35 ਲੱਖ ਰੁਪਏ ਦੀ ਅਦਾਇਗੀ ਦੇ ਸਬੰਧ ਵਿੱਚ ਗੱਲਬਾਤ ਦਾ ਦਾਅਵਾ ਕਰਨ ਵਾਲੀ ਇਕ ਆਡੀਓ ਰਿਕਾਰਡਿੰਗ ਜੋ ਕਿ ਲੋਕ ਇਨਸਾਫ ਪਾਰਟੀ ਦੇ ਐਮ.ਐਲ.ਏਜ਼ ਸਿਮਰਜੀਤ ਸਿੰਘ ਬੈਂਸ ਅਤੇ ਬਲਵਿੰਦਰ ਸਿਘ ਬੈਂਸ ਦੁਆਰਾ ਜਾਰੀ ਕਰਨ ਨਾਲ ਉਨ੍ਹਾਂ ਦੇ ਲਾਪਰਵਾਹ ਅਤੇ ਗੈਰ-ਜ਼ਿਮੇਵਾਰਾਨਾ ਰਵੱਈਏ ਦੀ ਸਰਬਸਮੰਤੀ ਨਾਲ ਨਿੰਦਾ ਕਰਦਾ ਹੈ।

ਜਾਰੀ.....7

ਇਹ ਸਦਨ ਮਾਨਯੋਗ ਜੱਜ ਦੇ ਵਿਰੁੱਧ ਲਗਾਏ ਗਏ ਗਲਤ ਸ਼ਮੂਲੀਅਤ ਅਤੇ ਅਪਮਾਨਜਨਕ ਦੋਸ਼ਾਂ ਦੀ ਘੋਰ ਨਿਖੇਦੀ ਕਰਦਾ ਹੈ ਜਿਹੜਾ ਕਿ ਸਾਫ ਤੌਰ ਤੇ ਰਾਜਨੀਤਕ ਅਤੇ ਨਿਹਿਤ ਸਵਾਰਥ ਲਈ ਹੀ ਸੀ। ਭਾਰਤ ਵਿੱਚ ਨਿਆਪਾਲਿਕਾ ਅਤੇ ਇਸ ਦੇ ਮਾਨਯੋਗ ਜੱਜ ਲੋਕਤੰਤਰ ਦੇ ਅਦੁੱਤੇ ਥੰਮ ਹਨ ਅਤੇ ਸਾਡੇ ਵੱਧ ਤੋਂ ਵੱਧ ਸਤਿਕਾਰ ਅਤੇ ਸਨਮਾਨ ਦੇ ਪਾਤਰ ਹਨ।
ਇਹ ਸਦਨ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਮਾਨਯੋਗ ਚੀਫ਼ ਜ਼ਸਟਿਸ ਨੂੰ ਅਪੀਲ ਅਤੇ ਬੇਨਤੀ ਕਰਦਾ ਹੈ ਕਿ ਇਸ ਘਟਨਾ ਦਾ ਆਪਣੇ ਆਪ ਨੋਟਿਸ ਅਤੇ ਸੁਣਵਾਈ ਕਰੇ ਅਤੇ ਕਾਨੂੰਨ ਦੇ ਵਕਾਰ ਨੂੰ ਘਟਾਉਣ, ਨਿਆਂ ਪ੍ਰਸ਼ਾਸਨ ਵਿੱਚ ਵਿਘਨ ਪਾਉਣ ਅਤੇ ਵੱਡੇ ਪੱਧਰ ਤੇ ਲੋਕਾਂ ਦੀਆਂ ਨਜ਼ਰਾਂ ਵਿੱਚ ਅਦਾਲਤ ਅਤੇ ਇਸ ਦੇ ਮਾਨਯੋਗ ਜੱਜਾਂ ਦੀ ਸ਼ਾਨ ਨੂੰ ਘਟਾਉਣ ਲਈ ਜੋ ਵੀ ਲੋੜੀਂਦਾ ਸਮਝੇ, ਸਬੰਧੀ ਅਗਲੇਰੀ ਕਾਰਵਾਈ ਕਰੇ।"

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਪ੍ਰਸਤਾਵ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਸੁਖਪਾਲ ਸਿੰਘ ਖਹਿਰਾ, ਵਿਰੋਧੀ ਧਿਰ ਦੇ ਨੇਤਾ | 03 ਮਿੰਟ |
| 2. | ਸਰਦਾਰ ਕੰਵਰ ਸੰਧੂ, ਆਮ ਆਦਮੀ ਪਾਰਟੀ | 01 ਮਿੰਟ |

11. <u>ਵਾਕ ਆਊਟ</u>

ਆਮ ਆਦਮੀ ਪਾਰਟੀ ਅਤੇ ਲੋਕ ਇਨਸਾਫ ਪਾਰਟੀ ਦੇ ਹਾਜ਼ਰ ਮੈਂਬਰ ਲੋਕ ਇਨਸਾਫ ਪਾਰਟੀ ਦੇ ਦੋਨੋਂ ਮੈਂਬਰਾਂ ਦੇ ਖਿਲਾਫ਼ ਨਿਖੇਦੀ ਪ੍ਰਸਤਾਵ ਦੇ ਵਿਰੋਧ ਵਿੱਚ ਨਾਅਰੇ ਲਗਾਉਂਦੇ ਹੋਏ ਸਦਨ ਵਿਚੋਂ ਵਾਕ-ਆਊਟ ਕਰ ਗਏ।

12. <u>ਮਤਾ</u>

ਸ਼੍ਰੀ ਬ੍ਰਹਮ ਮਹਿੰਦਰਾ, ਸੰਸਦੀ ਮਾਮਲੇ ਮੰਤਰੀ ਨੇ ਹੇਠ ਲਿਖਿਆ ਮਤਾ ਸਦਨ ਵਿਚ ਪੇਸ਼ ਕੀਤਾ ਜੋ ਕਿ ਸਰਬਸਮੰਤੀ ਨਾਲ ਪ੍ਰਵਾਨ ਹੋਇਆ:

"ਇਹ ਪਵਿੱਤਰ ਸਦਨ ਇਸ ਸਾਲ ਦੋਨੋ ਹਾੜ੍ਹੀ ਅਤੇ ਸਾਉਣੀ ਸੀਜ਼ਨਾਂ ਦੌਰਾਨ ਕਣਕ ਅਤੇ ਝੋਨੇ ਦੀ ਨਿਰਵਿਘਨ ਅਤੇ ਬਗੈਰ ਕਿਸੇ ਪ੍ਰੇਸ਼ਾਨੀ ਤੋਂ ਖਰੀਦ ਲਈ ਸਰਕਾਰ ਦੀ ਡੂੰਘੀ ਸ਼ਲਾਘਾ ਕਰਦਾ ਹੈ। "

ਨਿਮਨਲਿਖਤ ਮੈਂਬਰ ਸਾਹਿਬਾਨ ਨੇ ਮਤੇ ਤੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸਰਦਾਰ ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 26 ਮਿੰਟ |
| 2. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 3. | ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸ਼੍ਰੋਮਣੀ ਅਕਾਲੀ ਦਲ | 04 ਮਿੰਟ |
| 4. | ਸਰਦਾਰ ਪਰਮਿੰਦਰ ਸਿੰਘ ਪਿੰਕੀ, ਇੰਡੀਅਨ ਨੈਸ਼ਨਲ ਕਾਂਗਰਸ | 08 ਮਿੰਟ |
| 5. | ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਇੰਡੀਅਨ ਨੈਸ਼ਨਲ ਕਾਂਗਰਸ | 07 ਮਿੰਟ |
| 6. | ਸਰਦਾਰ ਅੰਗਦ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ | 04ਮਿੰਟ |

13. <u>ਸਦਨ ਦਾ ਸਮਾਂ ਵਧਾਉਣਾ</u>

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਸਾਏ ਬਿਜਨਸ ਦੇ ਖਤਮ ਹੋਣ ਤੱਕ ਵਧਾਇਆ ਗਿਆ।

14. <u>ਵਾਕ ਆਊਟ</u>

ਸ਼੍ਰੋਮਣੀ ਅਕਾਲੀ ਦਲ ਦੇ ਹਾਜ਼ਰ ਮੈਂਬਰ ਕਰਜ਼ੇ ਮੁਆਫ਼ੀ ਦੇ ਮੁੱਦੇ ਤੇ ਸਦਨ ਵਿਚੋਂ ਵਾਕ ਆਊਟ ਕਰ ਗਏ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ:
ਮਿਤੀ 29 ਨਵੰਬਰ, 2017

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ।